ਗੋਂਡ ॥ ਨਾ ਇਹੁ ਮਾਨਸੁ ਨਾ ਇਹੁ ਦੇਉ ॥ ਨਾ ਇਹੁ ਜਤੀ ਕਹਾਵੈ ਸੇਉ ॥ ਨਾ ਇਹੁ ਜੋਗੀ ਨਾ ਅਵਧੂਤਾ ॥ ਨਾ ਇਸੁ ਮਾਇ ਨ ਕਾਹੂ ਪੂਤਾ ॥੧॥ ਇਆ ਮੰਦਰ ਮਹਿ ਕੌਨ ਬਸਾਈ ॥ ਤਾ ਕਾ ਅੰਤੁ ਨ ਕੋਊ ਪਾਈ ॥੧॥ ਰਹਾਉ ॥ ਨਾ ਇਹੁ ਗਿਰਹੀ ਨਾ ਓਦਾਸੀ ॥ ਨਾ ਇਹੁ ਰਾਜ ਨ ਭੀਖ ਮੰਗਾਸੀ ॥ ਨਾ ਇਸੁ ਪਿੰਡੁ ਨ ਰਕਤੂ ਰਾਤੀ ॥ ਨਾ ਇਹੁ ਬ੍ਰਹਮਨੁ ਨਾ ਇਹੁ ਖਾਤੀ ॥ ੨॥ ਨਾ ਇਹੁ ਤਪਾ ਕਹਾਵੈ ਸੇਖੁ ॥ ਨਾ ਇਹੁ ਜੀਵੈ ਨ ਮਰਤਾ ਦੇਖੁ ॥ ਇਸੁ ਮਰਤੇ ਕਉ ਜੇ ਕੋਊ ਰੋਵੈ ॥ ਜੋ ਰੋਵੈ ਸੋਈ ਪਤਿ ਖੋਵੈ ॥੩॥ ਗੁਰ ਪ੍ਰਸਾਦਿ ਮੈ ਡਗਰੋ ਪਾਇਆ ॥ ਜੀਵਨ ਮਰਨੁ ਦੋਊ ਮਿਟਵਾਇਆ ॥ ਕਹੁ ਕਬੀਰ ਇਹੁ ਰਾਮ ਕੀ ਅੰਸੁ ॥ ਜਸ ਕਾਗਦ ਪਰ ਮਿਟੈ ਨ ਮੰਸੁ ॥੪॥੨॥੫॥ {ਪੰਨਾ 871}

ਪਦਅਰਥ:- ਇਹੁ—ਇਹ ਜੋ ਸਰੀਰ-ਮੰਦਰ ਵਿਚ ਵੱਸਣ ਵਾਲਾ ਹੈ। ਮਾਨਸੁ—ਮਨੁੱਖ। ਦੇਉ—ਦੇਵਤਾ। ਸੇਉ—ਸ਼ਿਵ ਦਾ ਉਪਾਸ਼ਕ। ਅਵਧੂਤਾ—ਤਿਆਗੀ। ਮਾਇ—ਮਾਂ। ਇਸੁ—ਇਸ ਦੀ। ਕਾਹੂ—ਕਿਸੇ ਦਾ।1।

ਇਆ ਮੰਦਰਿ ਮਹਿ—ਇਸ ਸਰੀਰ-ਘਰ ਵਿਚ। ਬਸਾਈ—ਵੱਸਦਾ ਹੈ। ਤਾ ਕਾ—ਉਸ ਵੱਸਣ ਵਾਲੇ ਦਾ।1। ਰਹਾਉ।

ਗਿਰਹੀ—ਗ੍ਰਿਹਸਤੀ, ਟੱਬਰਦਾਰ। ਭੀਖ ਮੰਗਾਸੀ—ਮੰਗਤਾ। ਪਿੰਡੁ—ਸਰੀਰ। ਰਕਤੂ—ਲਹੂ। ਰਾਤੀ—ਰਤਾ ਭਰ ਭੀ। ਖਾਤੀ—ਖਤ੍ਰੀ।2।

ਪਤਿ ਖੋਵੈ—ਇੱਜ਼ਤ ਗਵਾਉਂਦਾ ਹੈ, ਖ਼ੁਆਰ ਹੁੰਦਾ ਹੈ।3।

ਪ੍ਰਸਾਦਿ—ਕਿਰਪਾ ਨਾਲ। ਡਗਰੋ—(ਜ਼ਿੰਦਗੀ ਦਾ ਸਹੀ) ਰਸਤਾ। ਅੰਸੁ—ਹਿੱਸਾ, ਜੋਤ। ਜਸ—ਜਿਵੇਂ। ਕਾਗਦ ਪਰ—ਕਾਗ਼ਜ਼ ਉੱਤੇ ਲਿਖੀ ਹੋਈ। ਮੰਸੁ—ਸਿਆਹੀ।4।

ਅਰਥ:- (ਸਾਡੇ) ਇਸ ਸਰੀਰ-ਰੂਪ ਘਰ ਵਿਚ ਕੌਣ ਵੱਸਦਾ ਹੈ? ਉਸ ਦਾ ਕੀਹ ਅਸਲਾ ਹੈ?—ਇਸ ਗੱਲ ਦੀ ਤਹਿ ਵਿਚ ਕੋਈ ਨਹੀਂ ਅੱਪੜਿਆ।1। ਰਹਾਉ।

(ਕੀਹ ਮਨੁੱਖ, ਕੀਹ ਦੇਵਤਾ; ਕੀਹ ਜਤੀ, ਤੇ ਕੀਹ ਸ਼ਿਵ-ਉਪਾਸ਼ਕ; ਕੀਹ ਜੋਗੀ, ਤੇ ਕੀਹ ਤਿਆਗੀ; ਹਰੇਕ ਵਿਚ ਇੱਕ ਉਹੀ ਵੱਸਦਾ ਹੈ; ਪਰ ਫਿਰ ਭੀ ਸਦਾ ਲਈ) ਨਾਹ ਇਹ ਮਨੁੱਖ ਹੈ ਨਾਹ ਦੇਵਤਾ; ਨਾਹ ਜਤੀ ਹੈ ਨਾਹ ਸ਼ਿਵ-ਉਪਾਸ਼ਕ, ਨਾਹ ਜੋਗੀ ਹੈ, ਨਾਹ ਤਿਆਗੀ; ਨਾਹ ਇਸ ਦੀ ਕੋਈ ਮਾਂ ਹੈ ਨਾਹ ਇਹ ਕਿਸੇ ਦਾ ਪੁੱਤਰ।1।

(ਗ੍ਰਿਹਸਤੀ, ਉਦਾਸੀ; ਰਾਜਾ, ਕੰਗਾਲ; ਬ੍ਰਾਹਮਣ, ਖੱਤ੍ਰੀ; ਸਭ ਵਿਚ ਇਹੀ ਵੱਸਦਾ ਹੈ; ਫਿਰ ਭੀ ਇਹਨਾਂ ਵਿਚ ਰਹਿਣ ਕਰ ਕੇ ਸਦਾ ਲਈ) ਨਾਹ ਇਹ ਗ੍ਰਿਹਸਤੀ ਹੈ ਨਾਹ ਉਦਾਸੀ, ਨਾਹ ਇਹ ਰਾਜਾ ਹੈ ਨਾਹ ਮੰਗਤਾ; ਨਾਹ ਇਹ ਬ੍ਰਾਹਮਣ ਹੈ ਨਾਹ ਖੱਤ੍ਰੀ; ਨਾਹ ਇਸ ਦਾ ਕੋਈ ਸਰੀਰ ਹੈ ਨਾਹ ਇਸ ਵਿਚ ਰਤਾ ਭਰ ਭੀ ਲਹੂ ਹੈ।2।

(ਤਪੇ, ਸ਼ੇਖ਼, ਸਭ ਵਿਚ ਇਹੀ ਹੈ; ਸਭ ਸਰੀਰਾਂ ਵਿਚ ਆ ਕੇ ਜੰਮਦਾ ਮਰਦਾ ਭੀ ਜਾਪਦਾ ਹੈ, ਫਿਰ ਭੀ ਸਦਾ ਲਈ) ਨਾਹ ਇਹ ਕੋਈ ਤਪਸ੍ਵੀ ਹੈ ਨਾਹ ਕੋਈ ਸ਼ੇਖ਼ ਹੈ; ਨਾਹ ਇਹ ਜੰਮਦਾ ਹੈ ਨਾਹ ਮਰਦਾ ਹੈ। ਜਿਹੜਾ ਕੋਈ ਜੀਵ ਇਸ (ਅੰਦਰ-ਵੱਸਦੇ) ਨੂੰ ਮਰਦਾ ਸਮਝ ਕੇ ਰੋਂਦਾ ਹੈ ਉਹ ਖ਼ੁਆਰ ਹੀ ਹੁੰਦਾ ਹੈ।3।

ਹੇ ਕਬੀਰ! ਆਖ—(ਜਦੋਂ ਦਾ) ਮੈਂ ਆਪਣੇ ਗੁਰੂ ਦੀ ਕਿਰਪਾ ਨਾਲ (ਜ਼ਿੰਦਗੀ ਦਾ ਸਹੀ) ਰਸਤਾ ਲੱਭਾ ਹੈ, ਮੈਂ ਆਪਣਾ ਜਨਮ ਮਰਨ ਦੋਵੇਂ ਖ਼ਤਮ ਕਰਾ ਲਏ ਹਨ (ਭਾਵ, ਮੇਰਾ ਜਨਮ-ਮਰਨ ਦਾ ਗੇੜ ਮੁੱਕ ਗਿਆ ਹੈ; ਹੁਣ ਮੈਨੂੰ ਸਮਝ ਆ ਗਈ ਹੈ ਕਿ) ਸਾਡੇ ਅੰਦਰ ਵੱਸਣ ਵਾਲਾ ਇਹ ਪਰਮਾਤਮਾ ਦੀ ਅੰਸ ਹੈ, ਤੇ ਇਹ ਦੋਵੇਂ ਆਪੋ ਵਿਚ ਇਉਂ ਜੁੜੇ ਹੋਏ ਹਨ ਜਿਵੇਂ ਕਾਗਜ਼ ਅਤੇ (ਕਾਗ਼ਜ਼ ਉੱਤੇ ਲਿਖੇ ਅੱਖਰਾਂ ਦੀ) ਸਿਆਹੀ।4।2।5।

ਸ਼ਬਦ ਦਾ ਭਾਵ:- ਪਰਮਾਤਮਾ ਹਰੇਕ ਜੀਵ ਵਿਚ ਵਿਆਪਕ ਭੀ ਹੈ, ਤੇ ਸਭ ਤੋਂ ਵੱਖਰਾ ਭੀ ਹੈ। ਜੀਵਾਂ ਵਾਂਗ ਉਸ ਨੂੰ

ਜਨਮ-ਮਰਨ ਦਾ ਗੇੜ ਨਹੀਂ ਹੈ।